# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :01-01-2026**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਭਾਰਤ ਅਤੇ ਪਾਕਿਸਤਾਨ ਨੇ ਅੱਜ ਪ੍ਰਮਾਣੂ ਅਦਾਰਿਆਂ ਅਤੇ ਸਹੂਲਤਾਂ 'ਤੇ ਹਮਲੇ ਦੀ ਮਨਾਹੀ ਦੇ ਸਮਝੌਤੇ ਤਹਿਤ ਪ੍ਰਮਾਣੂ ਅਦਾਰਿਆਂ ਅਤੇ ਸਹੂਲਤਾਂ ਦੀਆਂ ਸੂਚੀਆਂ ਦਾ ਵਟਾਂਦਰਾ ਕੀਤਾ ਏ ।
- ਪੰਜਾਬ ਵਿਚ ਪੁਲਿਸਿੰਗ ਨੂੰ ਹੋਰ ਕੁਸ਼ਲ, ਜਵਾਬਦੇਹ ਅਤੇ ਪੇਸ਼ੇਵਰ ਬਣਾਉਣ ਲਈ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪੰਜਾਬ ਪੁਲਿਸ ਲਈ ਇੱਕ ਅਹਿਮ ਅਤੇ ਤਕਨਾਲੋਜੀ-ਅਧਾਰਤ "ਵਿਜ਼ਨ 2026" ਦੀ ਰੂਪਰੇਖਾ ਪੇਸ਼ ਕੀਤੀ |
- ਪਟਿਆਲਾ ਪੁਲਿਸ ਵੱਲੋ ਜਥੇਬੰਧਤ ਅਪਰਾਧ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲਾ 09 ਮੈਂਬਰੀ ਗੈਂਗ, 10 ਪਿਸਤੋਲਾਂ ਸਮੇਤ ਕਾਬੂ

- ਰਾਜ ਟੈਕਸ ਕਮਿਸ਼ਨਰ ਪੰਜਾਬ, ਨੇ ਇੱਕ ਸਾਲ ਤੋਂ ਵੱਧ ਸਮੇਂ ਤੋਂ ਅਣ-ਅਧਿਕ੍ਰਿਤ ਛੁੱਟੀ 'ਤੇ ਪਾਏ ਗਏ ਵਿਭਾਗ ਦੇ ਚਾਰ ਮੁਲਾਜ਼ਮਾਂ ਦੇ "ਡੀਮਡ ਅਸਤੀਫ਼ੇ" ਦੇ ਹੁਕਮ ਜਾਰੀ ਕੀਤੇ ਨੇ.
- ਭਾਰਤੀ ਮੌਸਮ ਵਿਭਾਗ  ਨੇ ਇਸ ਮਹੀਨੇ ਦੀ 5 ਤਰੀਕ ਤੱਕ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ.

## ਹੁਣ ਖਬਰਾਂ ਵਿਸਥਾਰ ਨਾਲ

ਭਾਰਤ ਅਤੇ ਪਾਕਿਸਤਾਨ ਨੇ ਅੱਜ ਪ੍ਰਮਾਣੂ ਸਥਾਪਨਾਵਾਂ ਅਤੇ ਸਹੂਲਤਾਂ 'ਤੇ ਹਮਲੇ ਦੀ ਮਨਾਹੀ ਦੇ ਸਮਝੌਤੇ ਤਹਿਤ ਪ੍ਰਮਾਣੂ ਅਦਾਰਿਆਂ ਅਤੇ ਸਹੂਲਤਾਂ ਦੀਆਂ ਸੂਚੀਆਂ ਦਾ ਵਟਾਂਦਰਾ ਕੀਤਾ ਏ । ਇਹ ਸੂਚੀਆਂ ਨਵੀਂ ਦਿੱਲੀ ਅਤੇ ਇਸਲਾਮਾਬਾਦ ਵਿੱਚ ਕੂਟਨੀਤਕ ਚੈਨਲਾਂ ਰਾਹੀਂ ਇੱਕੋ ਸਮੇਂ ਸਾਂਝੀਆਂ ਕੀਤੀਆਂ ਗਈਆਂ। ਵਿਦੇਸ਼ ਮੰਤਰਾਲੇ ਨੇ ਇੱਕ ਬਿਆਨ ਵਿੱਚ ਕਿਹਾ ਏ ਕਿ ਸਮਝੌਤੇ ਤਹਿਤ, ਦੋਵੇਂ ਦੇਸ਼ ਹਰ ਸਾਲ ਪਹਿਲੀ ਜਨਵਰੀ ਨੂੰ ਇੱਕ ਦੂਜੇ ਨੂੰ ਪ੍ਰਮਾਣੂ ਅਦਾਰਿਆਂ ਅਤੇ ਸਹੂਲਤਾਂ ਬਾਰੇ ਜਾਣਕਾਰੀ

ਪ੍ਰਦਾਨ ਕਰਦੇ ਨੇ. ਇਸ ਸਮਝੌਤੇ ‘ਤੇ 31 ਦਸੰਬਰ, 1988 ਨੂੰ ਦਸਤਖਤ ਕੀਤੇ ਗਏ ਸਨ ਅਤੇ ਇਹ 27 ਜਨਵਰੀ, 1991 ਨੂੰ ਲਾਗੂ ਹੋਇਆ ਸੀ। ਇਹ ਦੋਵਾਂ ਦੇਸ਼ਾਂ ਵਿਚਕਾਰ ਅਜਿਹੀਆਂ ਸੂਚੀਆਂ ਦਾ ਲਗਾਤਾਰ 35ਵਾਂ ਵਟਾਂਦਰਾ ਏ.

-------------------------------------------------------------

ਪੰਜਾਬ ਵਿਚ ਪੁਲਿਸਿੰਗ ਨੂੰ ਹੋਰ ਕੁਸ਼ਲ, ਜਵਾਬਦੇਹ ਅਤੇ ਪੇਸ਼ੇਵਰ ਬਣਾਉਣ ਲਈ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪੰਜਾਬ ਪੁਲਿਸ ਲਈ ਇੱਕ ਅਹਿਮ ਅਤੇ ਤਕਨਾਲੋਜੀ-ਅਧਾਰਤ "ਵਿਜ਼ਨ 2026" ਦੀ ਰੂਪਰੇਖਾ ਪੇਸ਼ ਕੀਤੀ, ਜੋ ਵਿਆਪਕ ਬੁਨਿਆਦੀ ਢਾਂਚਾ ਵਿਕਾਸ ਅਤੇ ਸਮਰੱਥਾ ਨਿਰਮਾਣ ’ਤੇ ਕੇਂਦ੍ਰਿਤ ਏ। ਇਸ ਵਿਜ਼ਨ ਤਹਿਤ ਡਾਇਲ 112 ਐਮਰਜੈਂਸੀ ਰਿਸਪਾਂਸ ਸਪੋਰਟ ਸਿਸਟਮ (ਈ.ਆਰ.ਐਸ.ਐਸ.) ਨੂੰ ਹੋਰ ਵਧੇਰੇ ਕਾਰਗਰ ਬਣਾਉਣਾ ਸ਼ਾਮਲ ਏ, ਜਿਸ ਤਹਿਤ ਮੋਹਾਲੀ ਵਿਖੇ 52 ਕਰੋੜ ਰੁਪਏ ਦੀ ਲਾਗਤ ਨਾਲ ਡਾਇਲ 112 ਸੈਂਟਰਲ ਕੰਟਰੋਲ ਰੂਮ ਦੀ ਇਮਾਰਤ ਸਥਾਪਿਤ ਕੀਤੀ ਜਾਵੇਗੀ ਅਤੇ 50 ਕਰੋੜ ਦੀ ਲਾਗਤ ਨਾਲ ਨਵੇਂ ਵਾਹਨ ਖਰੀਦੇ ਜਾਣਗੇ। ਡੀਜੀਪੀ ਨੇ ਕਿਹਾ ਕਿ ਸਾਡਾ ਟੀਚਾ

ਮੌਜੂਦਾ ਔਸਤਨ ਰਿਸਪਾਂਸ ਟਾਈਮ ਨੂੰ 12-13 ਮਿੰਟਾਂ ਤੋਂ ਘਟਾ ਕੇ ਸਿਰਫ਼ 7-8 ਮਿੰਟ ਕਰਨਾ ਏ। ਇਸ ਦੇ ਨਾਲ ਹੀ ਪੰਜਾਬ ਭਰ ਦੇ ਜ਼ਿਲ੍ਹਾ ਕੰਟਰੋਲ ਰੂਮਾਂ ਨੂੰ ਵੀ 25 ਕਰੋੜ ਰੁਪਏ ਦੇ ਨਿਵੇਸ਼ ਨਾਲ ਅਪਗ੍ਰੇਡ ਕੀਤਾ ਜਾ ਰਿਹਾ ਏ ਤਾਂ ਜੋ ਨਿਰਵਿਘਨ ਤਾਲਮੇਲ ਅਤੇ ਕਿਸੇ ਵੀ ਘਟਨਾ ਦੇ ਫੌਰੀ ਪ੍ਰਬੰਧਨ ਨੂੰ ਯਕੀਨੀ ਬਣਾਇਆ ਜਾ ਸਕੇ, ਜੋ ਸਿੱਧੇ ਤੌਰ 'ਤੇ ਰਿਸਪਾਂਸ ਟਾਈਮ ਨੂੰ ਘਟਾਉਣ ਦੇ ਟੀਚੇ ਵਿੱਚ ਯੋਗਦਾਨ ਪਾ ਰਿਹਾ ਏ।

------------------------------------------------------------

ਪਟਿਆਲਾ ਪੁਲਿਸ ਨੇ ਕਤਲ, ਫ਼ਿਰੌਤੀ ਅਤੇ ਟਾਰਗੇਟ ਕਿਲਿੰਗ ਵਰਗੇ ਜਥੇਬੰਧਤ ਅਪਰਾਧਾਂ ਨੂੰ ਅੰਜਾਮ ਦੇਣ ਵਾਲੇ 9 ਮੈਂਬਰੀ ਗਿਰੋਹ ਦਾ ਪਰਦਾਫਾਸ਼ ਕੀਤਾ ਏ. ਪੁਲਿਸ ਦੇ ਡਿਪਟੀ ਇੰਸਪੈਕਟਰ ਜਨਰਲ, ਕੁਲਦੀਪ ਸਿੰਘ ਚਾਹਲ ਤੇ ਪਟਿਆਲਾ ਦੇ SSP VARUN SHARMA ਵਲੋਂ ਅੱਜ ਇੱਕ ਪ੍ਰੈਸ ਕਾਨਫਰੰਸ ਵਿਚ ਇਹ ਜਾਣਕਾਰੀ ਦਿੱਤੀ ਗਈ. ਓਹਨਾਂ ਦੱਸਿਆ ਕਿ ਮੁਲਜ਼ਮਾਂ ਤੋਂ 10 ਪਿਸਤੌਲ ਤੇ 19 ਜ਼ਿੰਦਾ ਕਾਰਤੂਸ ਵੀ ਬਰਾਮਦ ਕੀਤੇ ਗਏ ਨੇ. ਇਹ ਗਿਰੋਹ ਕੋਈ ਵੱਡੀ ਵਾਰਦਾਤ ਕਰਨ ਦੀ ਯੋਜਨਾ ਬਣਾ ਰਿਹਾ ਸੀ.ਇਸ ਗਿਰੋਹ ਦਾ ਲੀਡਰ ਬਾਬੀ ਮਾਹੀ

ਤੁਫ਼ਜੱਲ ਪੂਰਾ ਦਾ ਰਹਿਣ ਵਾਲਾ ਏ ਜੋ ਭਗੌੜਾ ਏ ਤੇ ਵਿਦੇਸ਼ ਵਿਚ ਲੁਕਿਆ ਹੋਇਆ ਏ.

------------------------------------------------------------

ਸਾਲ 2025 ਨੂੰ ਭਾਰਤ ਦੀ ਵਿਕਾਸ ਯਾਤਰਾ ਦੇ ਇੱਕ ਫੈਸਲਾਕੁੰਨ ਅਧਿਆਇ ਵਜੋਂ ਯਾਦ ਰੱਖਿਆ ਜਾਵੇਗਾ। ਇਸ ਸਾਲ, ਨੀਤੀਆਂ ਨੂੰ ਤਰੱਕੀ ਵਿੱਚ ਬਦਲਿਆ ਗਿਆ ਤੇ ਇਰਾਦਿਆਂ ਨੂੰ ਸਾਕਾਰ ਰੂਪ ਦਿੱਤਾ ਗਿਆ। "ਸੁਧਾਰਾਂ ਦਾ ਸਾਲ" ਵਿਸ਼ੇਸ਼ ਲੜੀ ਵਿੱਚ, ਅੱਜ ਪੇਸ਼ ਏ 2025 ’ਚ ਖੇਡਾਂ ਦੇ ਖੇਤਰ ‘ਚ ਦੇਸ਼ ਦੀ ਤਰੱਕੀ ਬਾਰੇ ਇੱਕ ਰਿਪੋਰਟ –

ਸਾਲ 2025 ਭਾਰਤੀ ਖੇਡਾਂ ਲਈ ਇੱਕ ਮਹੱਤਵਪੂਰਨ ਅਤੇ ਇਤਿਹਾਸਕ ਸਾਲ ਸੀ। ਇਸਨੂੰ ਨਾ ਸਿਰਫ਼ ਅੰਤਰਰਾਸ਼ਟਰੀ ਪੱਧਰ 'ਤੇ ਜਿੱਤੇ ਗਏ ਰਿਕਾਰਡ ਤਮਗਿਆਂ ਲਈ ਯਾਦ ਰੱਖਿਆ ਜਾਵੇਗਾ, ਸਗੋਂ ਦੇਸ਼ ਦੀ ਖੇਡ ਪ੍ਰਣਾਲੀ ਵਿੱਚ ਹੋਏ ਮਹੱਤਵਪੂਰਨ ਬਦਲਾਅ ਲਈ ਵੀ ਯਾਦ ਰੱਖਿਆ ਜਾਵੇਗਾ। ਵਿੱਤੀ ਸਾਲਾਂ 2025 ਅਤੇ 2026 ਵਿੱਚ, ਸਰਕਾਰ ਨੇ ਨੌਜਵਾਨ ਮਾਮਲੇ ਅਤੇ ਖੇਡ ਮੰਤਰਾਲੇ ਨੂੰ 3,700 ਕਰੋੜ ਰੁਪਏ ਤੋਂ ਵੱਧ ਦਾ ਰਿਕਾਰਡ ਬਜਟ ਅਲਾਟ ਕੀਤਾ, ਜੋ ਕਿ ਨੌਜਵਾਨ ਸਸ਼ਕਤੀਕਰਨ ਅਤੇ ਦੇਸ਼ ਦੀਆਂ ਇੱਛਾਵਾਂ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕਰਦਾ ਹੈ। ਇਸ ਦਿਸ਼ਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਰਾਸ਼ਟਰੀ ਖੇਡ ਪ੍ਰਸ਼ਾਸਨ ਐਕਟ 2050 ਨੂੰ ਲਾਗੂ ਕਰਨਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਹੈ ਕਿ ਅੱਜ ਖੇਡਾਂ ਵਿੱਚ ਅਸੀਮ ਮੌਕੇ ਨੇ । ਉਨ੍ਹਾਂ ਅੱਗੇ ਕਿਹਾ ਕਿ

ਸਰਕਾਰ ਨੇ ਇੱਕ ਅਜਿਹਾ ਮਾਹੌਲ ਬਣਾਇਆ ਹੈ ਜਿੱਥੇ ਸਭ ਤੋਂ ਗਰੀਬ ਪਰਿਵਾਰਾਂ ਦਾ ਬੱਚਾ ਵੀ ਆਪਣੀ ਪ੍ਰਤਿਭਾ ਦੇ ਅਧਾਰ 'ਤੇ ਛੋਟੀ ਉਮਰ ਵਿੱਚ ਖੇਡਾਂ ਚ  ਉਚਾਈਆਂ ਪ੍ਰਾਪਤ ਕਰ ਸਕਦਾ ਹੈ।

BYTE

ਸਾਲ 2025 ਵਿੱਚ, ਭਾਰਤੀ ਖਿਡਾਰੀਆਂ ਨੇ ਵੱਖ-ਵੱਖ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਭਾਰਤ ਨੇ ਪਹਿਲਾ ਸਕੁਐਸ਼ ਵਿਸ਼ਵ ਕੱਪ ਖਿਤਾਬ ਜਿੱਤ ਕੇ ਇਤਿਹਾਸ ਰਚਿਆ। ਕ੍ਰਿਕਟ ਵਿੱਚ, ਭਾਰਤੀ ਮਹਿਲਾ ਟੀਮ ਨੇ ICC ਮਹਿਲਾ ਵਿਸ਼ਵ ਕੱਪ ਜਿੱਤਿਆ, ਪੁਰਸ਼ ਟੀਮ ਨੇ ICC  ਚੈਂਪੀਅਨਜ਼ ਟਰਾਫੀ ਜਿੱਤੀ, ਅਤੇ ਭਾਰਤੀ ਮਹਿਲਾ ਬਲਾਇੰਡ ਕ੍ਰਿਕਟ ਟੀਮ ਨੇ ਪਹਿਲੀ ਵਾਰ 20-20 ਵਿਸ਼ਵ ਕੱਪ ਜਿੱਤਿਆ।  ਭਾਰਤ ਦੀ ਸ਼ਾਨਦਾਰ ਖੇਡ ਪ੍ਰਣਾਲੀ ਅਤੇ ਬੁਨਿਆਦੀ ਢਾਂਚੇ ਦਾ ਸਬੂਤ 2030 ਦੀਆਂ ਰਾਸ਼ਟਰਮੰਡਲ ਖੇਡਾਂ ਦੀ ਮੇਜ਼ਬਾਨੀ ਤੋਂ ਮਿਲਦਾ ਹੈ, ਜੋ ਕਿ ਅਹਿਮਦਾਬਾਦ ਵਿੱਚ ਹੋਣਗੀਆਂ।

---------------------------------------------------------------

ਰਾਜ ਟੈਕਸ ਕਮਿਸ਼ਨਰ ਪੰਜਾਬ, ਜਤਿੰਦਰ ਜੋਰਵਾਲ ਨੇ ਇੱਕ ਸਾਲ ਤੋਂ ਵੱਧ ਸਮੇਂ ਤੋਂ ਅਣ-ਅਧਿਕ੍ਰਿਤ ਛੁੱਟੀ 'ਤੇ ਪਾਏ ਗਏ ਵਿਭਾਗ ਦੇ ਚਾਰ ਮੁਲਾਜ਼ਮਾਂ ਦੇ "ਡੀਮਡ ਅਸਤੀਫ਼ੇ" ਦੇ ਹੁਕਮ ਜਾਰੀ ਕੀਤੇ ਨੇ. ਕਮਿਸ਼ਨਰ ਵਲੋਂ ਜਾਰੀ ਕੀਤੇ ਗਏ ਇਹ ਹੁਕਮ ਤਿੰਨ ਆਬਕਾਰੀ ਅਤੇ ਟੈਕਸ ਇੰਸਪੈਕਟਰਾਂ ਅਤੇ ਇੱਕ ਕਲਰਕ 'ਤੇ ਲਾਗੂ ਹੁੰਦੇ ਨੇ ਜੋ ਕਈ ਕਾਨੂੰਨੀ

ਨੋਟਿਸਾਂ ਅਤੇ ਆਪਣੇ ਸਬੰਧਤ ਦਫਤਰਾਂ ਵਿੱਚ ਦੁਬਾਰਾ ਹਾਜ਼ਰ ਹੋਣ ਦਾ ਮੌਕਾ ਦਿੱਤੇ ਜਾਣ ਦੇ ਬਾਵਜੂਦ ਆਪਣੀਆਂ ਡਿਊਟੀਆਂ ਤੋਂ ਗੈਰਹਾਜ਼ਰ ਰਹੇ। ਇਸ ਅਸਤੀਫੇ ਦੇ ਨਤੀਜੇ ਵਜੋਂ ਇਹਨਾਂ ਵਿਅਕਤੀਆਂ ਨੂੰ ਕੋਈ ਗ੍ਰੈਚੁਟੀ, ਪੈਨਸ਼ਨਰੀ ਲਾਭ, ਜਾਂ ਕੋਈ ਹੋਰ ਸੇਵਾ-ਸਬੰਧਤ ਲਾਭ ਨਹੀਂ ਦਿੱਤਾ ਜਾਵੇਗਾ। ਇਸ ਅਨੁਸ਼ਾਸਨੀ ਕਾਰਵਾਈ 'ਤੇ ਟਿੱਪਣੀ ਕਰਦਿਆਂ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ, ਸਰਕਾਰ ਅਨੁਸ਼ਾਸਨਹੀਣਤਾ ਅਤੇ ਡਿਊਟੀ ਵਿੱਚ ਅਣਗਹਿਲੀ ਨੂੰ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਰੱਖਦੀ ਏ। ਓਹਨਾਂ ਇਹ ਵੀ ਕਿਹਾ ਕਿ ਉਹ ਮੁਲਾਜ਼ਮ ਜੋ ਅਣ- ਅਧਿਕ੍ਰਿਤ ਤੌਰ 'ਤੇ ਡਿਊਟੀ ਤੋਂ ਗੈਰਹਾਜ਼ਰ ਰਹਿੰਦੇ ਨੇ, ਓਹਨਾਂ ਲਈ ਪ੍ਰਸ਼ਾਸਨ ਵਿੱਚ ਕੋਈ ਥਾਂ ਨਹੀਂ ਏ.

---------------------------------------------------

ਸਰਕਾਰ ਵੱਲੋਂ ਭ੍ਰਿਸ਼ਟਾਚਾਰ ਖਿਲਾਫ਼ ਅਪਣਾਈ ਗਈ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਤਹਿਤ ਪੰਜਾਬ ਵਿਜੀਲੈਂਸ ਬਿਊਰੋ ਨੇ ਜ਼ਿਲ੍ਹਾ ਸੰਗਰੂਰ ਵਿਖੇ ਤਾਇਨਾਤ ਤਹਿਸੀਲਦਾਰ ਜਗਤਾਰ ਸਿੰਘ ਨੂੰ 30,ਹਜ਼ਾਰ ਰੁਪਏ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਏ।

ਉਸਦੇ ਸਹਿ-ਦੋਸ਼ੀ ਨੂੰ ਵੀ ਜਲਦ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਦੋਸ਼ੀ ਤਹਿਸੀਲਦਾਰ ਦੇ ਘਰ ਦੀ ਤਲਾਸ਼ੀ ਦੌਰਾਨ 1,ਲਖ 45, ਹਜ਼ਾਰ ਰੁਪਏ ਦੀ ਰਕਮ ਬਰਾਮਦ ਕੀਤੀ ਗਈ। ਇਸ ਬਾਰੇ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਇਹ ਗ੍ਰਿਫ਼ਤਾਰੀ ਜ਼ਿਲ੍ਹਾ ਸੰਗਰੂਰ ਦੇ ਪਿੰਡ ਮਹਿਲਾਂ ਦੇ ਇੱਕ ਵਸਨੀਕ ਵੱਲੋਂ ਤਹਿਸੀਲ ਦਫ਼ਤਰ ਸੰਗਰੂਰ ਵਿਖੇ ਤਾਇਨਾਤ ਜਗਤਾਰ ਸਿੰਘ ਤਹਿਸੀਲਦਾਰ ਅਤੇ ਮਾਲਵਿੰਦਰ ਸਿੰਘ ਕਲਰਕ ਵਿਰੁੱਧ ਦਰਜ ਕਰਵਾਈ ਗਈ ਸ਼ਿਕਾਇਤ ਤੋਂ ਬਾਅਦ ਕੀਤੀ ਗਈ ਏ।

---------------------------------------------------------

ਅੱਜ ਸਵੇਰੇ ਗੜ੍ਹਸ਼ੰਕਰ-ਸ੍ਰੀ ਆਨੰਦਪੁਰ ਸਾਹਿਬ ਸੜਕ 'ਤੇ ਇੱਕ ਅਣਪਛਾਤੇ ਵਾਹਨ ਦੀ ਟੱਕਰ ਕਾਰਨ ਤਿੰਨ ਭਰਾਵਾਂ ਦੀ ਮੌਤ ਹੋ ਗਈ ਜਦੋਂ ਕਿ ਉਨ੍ਹਾਂ ਦਾ ਦੋਸਤ ਗੰਭੀਰ ਜ਼ਖਮੀ ਹੋ ਗਿਆ। ਪੀੜਤ ਨਵੇਂ ਸਾਲ ਦੇ ਜਸ਼ਨ ਮਨਾਉਣ ਲਈ ਹਿਮਾਚਲ ਪ੍ਰਦੇਸ਼ ਦੇ ਮਾਤਾ ਨੈਣਾ ਦੇਵੀ ਤੀਰਥ ਸਥਾਨ 'ਤੇ ਮੱਥਾ ਟੇਕਣ ਜਾ ਰਹੇ ਸਨ। ਪੁਲਿਸ ਮੁਤਾਬਿਕ, ਗੜ੍ਹਸ਼ੰਕਰ ਪੁਲਿਸ ਸਟੇਸ਼ਨ ਦੇ ਅਧਿਕਾਰ ਖੇਤਰ ਵਿੱਚ ਤੜਕੇ ਸਾਢੇ 3 ਵਜੇ ਦੇ

ਕਰੀਬ ਜਦੋਂ ਹਾਦਸਾ ਵਾਪਰਿਆ ਤਾਂ ਇਹ ਚਾਰ ਨੌਜਵਾਨ ਮੋਟਰਸਾਈਕਲ 'ਤੇ ਸਵਾਰ ਹੋ ਕੇ ਜਾ ਰਹੇ ਸਨ। ਟੱਕਰ ਦਾ ਅਸਰ ਬਹੁਤ ਗੰਭੀਰ ਸੀ, ਜਿਸ ਕਾਰਨ ਤਿੰਨਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਉਨ੍ਹਾਂ ਦੇ ਦੋਸਤ ਨੂੰ ਗੰਭੀਰ ਸੱਟਾਂ ਲੱਗੀਆਂ ਅਤੇ ਉਨ੍ਹਾਂ ਨੂੰ ਸਿਵਲ ਹਸਪਤਾਲ, ਗੜ੍ਹਸ਼ੰਕਰ ਲਿਜਾਇਆ ਗਿਆ, ਜਿੱਥੋਂ ਉਸਦੀ ਹਾਲਤ ਗੰਭੀਰ ਹੋਣ ਕਾਰਨ ਉਸਨੂੰ ਲੁਧਿਆਣਾ ਦੇ ਇੱਕ ਹਸਪਤਾਲ ਲਈ ਰੈਫਰ ਕਰ ਦਿੱਤਾ ਗਿਆ। SHO ਗੜ੍ਹਸ਼ੰਕਰ ਇੰਸਪੈਕਟਰ ਗਗਨਦੀਪ ਸਿੰਘ ਸੇਖੋਂ ਨੇ ਕਿਹਾ ਕਿ ਪੁਲਿਸ ਘਟਨਾ ਦੀ ਜਾਂਚ ਕਰ ਰਹੀ ਏ ਅਤੇ ਅਣਪਛਾਤੇ ਵਾਹਨ ਅਤੇ ਇਸਦੇ ਡਰਾਈਵਰ ਦੀ ਪਛਾਣ ਕਰਨ ਅਤੇ ਉਸਦਾ ਪਤਾ ਲਾਉਣ ਦੀਆਂ ਕੋਸ਼ਿਸ਼ਾਂ ਜਾਰੀ ਨੇ.

-----------------------------------------------------

ਬਜ਼ੁਰਗਾਂ ਲਈ ਰਾਜ-ਪੱਧਰੀ ਮੁਹਿੰਮ “ਸਾਡੇ ਬਜ਼ੁਰਗ ਸਾਡਾ ਮਾਣ” ਦੀ ਸ਼ੁਰੂਆਤ 16 ਜਨਵਰੀ ਤੋਂ ਜ਼ਿਲ੍ਹਾ S A S ਨਗਰ (ਮੋਹਾਲੀ) ਤੋਂ ਕੀਤੀ ਜਾਵੇਗੀ। ਇਸ ਬਾਰੇ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਪੰਜਾਬ ਭਵਨ,

ਚੰਡੀਗੜ੍ਹ ਵਿਖੇ ਪ੍ਰੈਸ ਕਾਨਫਰੰਸ ਦੌਰਾਨ ਐਲਾਨ ਕੀਤਾ. ਡਾ. ਬਲਜੀਤ ਕੌਰ ਨੇ ਦੱਸਿਆ ਕਿ ਹਰ ਸਾਲ ਪਹਿਲੀ ਅਕਤੂਬਰ ਨੂੰ ਬਜ਼ੁਰਗਾਂ ਦਾ ਅੰਤਰਰਾਸ਼ਟਰੀ ਦਿਵਸ ਮਨਾਇਆ ਜਾਂਦਾ ਏ ਅਤੇ ਇਸ ਲੜੀ ਨੂੰ ਅੱਗੇ ਵਧਾਉਂਦੇ ਹੋਏ ਸਾਲ 2026 ਵਿੱਚ ਵੀ ਇਹ ਮੁਹਿੰਮ ਪੂਰੇ ਰਾਜ ਵਿੱਚ ਜ਼ਿਲ੍ਹਾ-ਵਾਰ ਕੈਂਪਾਂ ਰਾਹੀਂ ਚਲਾਈ ਜਾਵੇਗੀ।

---------------------------------------------------

ਭਾਰਤੀ ਮੌਸਮ ਵਿਭਾਗ (IMD) ਨੇ ਇਸ ਮਹੀਨੇ ਦੀ 5 ਤਰੀਕ ਤੱਕ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ. ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਅਤੇ ਹਿਮਾਚਲ ਪ੍ਰਦੇਸ਼’ਚ ਅਗਲੇ ਦੋ ਦਿਨਾਂ ਲਈ ਸੀਤ ਲਹਿਰ ਦੀ ਸੰਭਾਵਨਾ ਵੀ ਜਤਾਈ ਏ.

---------------------------------------------------

- ਭਾਰਤ ਅਤੇ ਪਾਕਿਸਤਾਨ ਨੇ ਅੱਜ ਪ੍ਰਮਾਣੂ ਅਦਾਰਿਆਂ ਅਤੇ ਸਹੂਲਤਾਂ 'ਤੇ ਹਮਲੇ ਦੀ ਮਨਾਹੀ ਦੇ ਸਮਝੌਤੇ ਤਹਿਤ ਪ੍ਰਮਾਣੂ

ਅਦਾਰਿਆਂ ਅਤੇ ਸਹੂਲਤਾਂ ਦੀਆਂ ਸੂਚੀਆਂ ਦਾ ਵਟਾਂਦਰਾ ਕੀਤਾ ਏ ।

- ਪੰਜਾਬ ਵਿਚ ਪੁਲਿਸਿੰਗ ਨੂੰ ਹੋਰ ਕੁਸ਼ਲ, ਜਵਾਬਦੇਹ ਅਤੇ ਪੇਸ਼ੇਵਰ ਬਣਾਉਣ ਲਈ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਪੰਜਾਬ ਪੁਲਿਸ ਲਈ ਇੱਕ ਅਹਿਮ ਅਤੇ ਤਕਨਾਲੋਜੀ-ਅਧਾਰਤ "ਵਿਜ਼ਨ 2026" ਦੀ ਰੂਪਰੇਖਾ ਪੇਸ਼ ਕੀਤੀ |
- ਪਟਿਆਲਾ ਪੁਲਿਸ ਵੱਲੋ ਜਥੇਬੰਧਤ ਅਪਰਾਧ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਵਾਲਾ 09 ਮੈਂਬਰੀ ਗੈਂਗ, 10 ਪਿਸਤੋਲਾਂ ਸਮੇਤ ਕਾਬੂ
- ਰਾਜ ਟੈਕਸ ਕਮਿਸ਼ਨਰ ਪੰਜਾਬ, ਨੇ ਇੱਕ ਸਾਲ ਤੋਂ ਵੱਧ ਸਮੇਂ ਤੋਂ ਅਣ-ਅਧਿਕ੍ਰਿਤ ਛੁੱਟੀ 'ਤੇ ਪਾਏ ਗਏ ਵਿਭਾਗ ਦੇ ਚਾਰ ਮੁਲਾਜ਼ਮਾਂ ਦੇ "ਡੀਮਡ ਅਸਤੀਫ਼ੇ" ਦੇ ਹੁਕਮ ਜਾਰੀ ਕੀਤੇ ਨੇ.
- ਭਾਰਤੀ ਮੌਸਮ ਵਿਭਾਗ  ਨੇ ਇਸ ਮਹੀਨੇ ਦੀ 5 ਤਰੀਕ ਤੱਕ ਪੰਜਾਬ, ਹਰਿਆਣਾ, ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹਦ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ.

-----------------------------------------------------------

**ਇਸਦੇ ਨਾਲ ਪ੍ਰਦੇਸ਼ਕ   ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7  ਵੱਜਕੇ 30 ਮਿੰਟ  'ਤੇ  ਨਮਸਕਾਰ  !**